# ਜ਼ਿਲ੍ਹਾ ਪੁਲਿਸ ਨੇ 15 ਅਗਸਤ ਦੇ ਮੱਦੇਨਜ਼ਰ ਕੱਢਿਆ ਫਲੈਗ ਮਾਰਚ

ਸ੍ਰੀ ਮੁਕਤਸਰ ਸਾਹਿਬ ( ) ਡੀਜੀਪੀ ਪੰਜਾਬ ਵੱਲੋਂ ਦਿੱਤੀਆਂ ਹਦਾਇਤਾਂ ਤਹਿਤ ਸ੍ਰੀ ਸਚਿਨ ਗੁਪਤਾ ਆਈ.ਪੀ.ਐਸ ਐੱਸ.ਐੱਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਲੋਕਾਂ ਦੀ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਸ਼ਰਾਰਤੀ ਅਨਸਰਾਂ ਤੇ ਨਕੇਲ ਕੱਸੀ ਜਾ ਰਹੀ ਹੈ। ਇਸ ਤਹਿਤ ਸ੍ਰੀ ਜਗਦੀਸ਼ ਕੁਮਾਰ ਡੀ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਿਸ ਟੀਮ ਨਾਲ 15 ਅਗਸਤ ਦੇ ਮੱਦੇਨਜ਼ਰ ਸ਼ਹਿਰ ਅੰਦਰ ਫਲੈਗ ਮਾਰਚ ਕੱਢਿਆ ਗਿਆ ਇਸ ਮੌਕੇ ਡੀ.ਐੱਸ.ਪੀ ਨੇ ਦੱਸਿਆ ਕਿ ਫਲੈਗ ਮਾਰਚ ਸਿਟੀ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੁਰੂ ਹੋ ਕੇ ਮਸੀਤ ਵਾਲਾ ਚੌਕ, ਬੈਂਕ ਰੋਡ, ਘਾਹ ਮੰਡੀ ਚੌਕ, ਦਾਣਾ ਮੰਡੀ, ਗੋਨਿਆਣਾ ਰੋਡ, ਬਠਿੰਡਾ ਬਾਈਪਾਸ, ਬਠਿੰਡਾ ਰੋਡ ਤੋਂ ਕੋਟਕਪੂਰਾ ਰੋਡ ਪਰ ਸਮਾਪਤ ਹੋਇਆ । ਉਨ੍ਹਾਂ ਦੱਸਿਆ ਕਿ ਪੰਦਰਾਂ ਅਗਸਤ ਦੌਰਾਨ ਕੋਈ ਵੀ ਅਣਸੁਖਾਵੀ ਘਟਨਾ ਨਾ ਵਾਪਰ ਜਾਵੇ ਇਸ ਸੰਬੰਧ ਵਿਚ ਪੁਲਿਸ ਵੱਲੋਂ ਜਿੱਥੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਹੈ, ਉਥੇ ਹੀ ਹੋਟਲ ਰੈਸਟੋਰੈਂਟਾਂ ਵਿਚ ਸਰਚ ਕੀਤਾ ਜਾ ਰਿਹਾ ਹੈ ਨਾਲ ਹੀ ਅੱਜ ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਫਲੈਗ ਮਾਰਚ ਕੱਢਿਆ ਗਿਆ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਤੁਸੀਂ ਸਾਨੂੰ ਕੋਈ ਵੀ ਜਾਣਕਾਰੀ ਦੇਣਾ ਚਾਹੁੰਦੇ ਹੋ ਤਾਂ ਤੁਸੀਂ ਸਾਡੇ ਹੈਲਪਲਾਈਨ ਨੰਬਰ 8054970100, 112 ਦੇ ਦਿਓ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ , ਐਸ.ਆਈ ਜਗਸੀਰ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ , ਚੌਕੀ ਇੰਚਾਰਜ ਬੱਸ ਸਟੈਂਡ ਪੁਲਿਸ ਮੁਲਾਜ਼ਮ ਹਾਜ਼ਰ ਸਨ।